ਆਸਾ ॥ ਜਗਿ ਜੀਵਨੁ ਐਸਾ ਸੁਪਨੇ ਜੈਸਾ ਜੀਵਨੁ ਸੁਪਨ ਸਮਾਨੰ ॥ ਸਾਚੁ ਕਰਿ ਹਮ ਗਾਠਿ ਦੀਨੀ ਛੋਡਿ ਪਰਮ ਨਿਧਾਨੰ ॥੧॥ ਬਾਬਾ ਮਾਇਆ ਮੋਹ ਹਿਤੁ ਕੀਨੑ ॥ ਜਿਨਿ ਗਿਆਨੁ ਰਤਨੁ ਹਿਰਿ ਲੀਨੑ ॥੧॥ ਰਹਾਉ ॥ ਨੈਨ ਦੇਖਿ ਪਤੰਗੁ ਉਰਝੈ ਪਸੁ ਨ ਦੇਖੈ ਆਗਿ ॥ ਕਾਲ ਫਾਸ ਨ ਮੁਗਧੁ ਚੇਤੈ ਕਨਿਕ ਕਾਮਿਨਿ ਲਾਗਿ ॥ ੨॥ ਕਰਿ ਬਿਚਾਰੁ ਬਿਕਾਰ ਪਰਹਰਿ ਤਰਨ ਤਾਰਨ ਸੋਇ ॥ ਕਹਿ ਕਬੀਰ ਜਗਜੀਵਨੁ ਐਸਾ ਦੁਤੀਅ ਨਾਹੀ ਕੋਇ ॥੩॥੫॥੨੭॥ {ਪੰਨਾ 482}

ਪਦਅਰਥ:- ਜਗਿ—ਜਗਤ ਵਿਚ। ਜੀਵਨੁ—ਜ਼ਿੰਦਗੀ, ਉਮਰ। ਸਮਾਨੰ—ਵਰਗਾ, ਬਰਾਬਰ। ਸਾਚੁ—ਸਦਾ-ਥਿਰ ਰਹਿਣ ਵਾਲਾ। ਗਾਠਿ—ਗੰਢ। ਨਿਧਾਨੰ—ਖ਼ਜ਼ਾਨਾ।1।

ਹਿਤੁ—ਪਿਆਰ। ਜਿਨਿ—ਜਿਸ (ਮੋਹ-ਪਿਆਰ) ਨੇ। ਹਿਰਿ ਲੀਨੑ—ਚੁਰਾ ਲਿਆ ਹੈ।1। ਰਹਾਉ।

ਨੈਨ—ਅੱਖਾਂ ਨਾਲ। ਉਰਝੈ—ਫਸਦਾ ਹੈ। ਪਸੁ—ਮੂਰਖ। ਕਾਲ ਫਾਸ—ਮੌਤ ਦੀ ਫਾਹੀ। ਨ ਚੇਤੈ—ਚੇਤੇ ਨਹੀਂ ਰੱਖਦਾ। ਕਨਿਕ—ਸੋਨਾ। ਕਾਮਿਨਿ—ਇਸਤ੍ਰੀ।2।

ਪਰਹਰਿ—ਛੱਡ। ਤਰਨ—(Skt. qrix) ਬੇੜੀ, ਜਹਾਜ਼। ਸੋਇ—ਉਹ ਪ੍ਰਭੂ। ਜਗਜੀਵਨੁ—ਜਗਤ ਦਾ ਜੀਵਨ, ਜਗਤ ਦਾ ਆਸਰਾ-ਪ੍ਰਭੂ। ਦੁਤੀਅ—ਦੂਜਾ, ਬਰਾਬਰ ਦਾ।3।

ਨੋਟ—ਪਹਿਲੀ ਤੁਕ ਦੇ ਲਫ਼ਜ਼ ‘ਜਗਿ ਜੀਵਨੁ’ ਅਤੇ ਅਖ਼ੀਰਲੀ ਤੁਕ ਦੇ ‘ਜਗਜੀਵਨੁ’ ਦਾ ਫ਼ਰਕ ਗਹੁ ਨਾਲ ਵੇਖਣ ਦੀ ਲੋੜ ਹੈ।

ਅਰਥ:- ਜਗਤ ਵਿਚ (ਮਨੁੱਖ ਦੀ) ਜ਼ਿੰਦਗੀ ਅਜਿਹੀ ਹੀ ਹੈ ਜਿਹਾ ਸੁਪਨਾ ਹੈ, ਜ਼ਿੰਦਗੀ ਸੁਪਨੇ ਵਰਗੀ ਹੀ ਹੈ। ਪਰ ਅਸਾਂ ਸਭ ਤੋਂ ਉੱਚੇ (ਸੁਖਾਂ ਦੇ) ਖ਼ਜ਼ਾਨੇ-ਪ੍ਰਭੂ ਨੂੰ ਛੱਡ ਕੇ, (ਇਸ ਸੁਪਨ-ਸਮਾਨ ਜੀਵਨ ਨੂੰ) ਸਦਾ ਕਾਇਮ ਰਹਿਣ ਵਾਲਾ ਜਾਣ ਕੇ ਇਸ ਨੂੰ ਗੰਢ ਦੇ ਰੱਖੀ ਹੈ।1।

ਹੇ ਬਾਬਾ! ਅਸਾਂ ਮਾਇਆ ਨਾਲ ਮੋਹ-ਪਿਆਰ ਪਾਇਆ ਹੋਇਆ ਹੈ, ਜਿਸ ਨੇ ਸਾਡਾ ਗਿਆਨ-ਰੂਪ ਹੀਰਾ ਚੁਰਾ ਲਿਆ ਹੈ।1। ਰਹਾਉ।

ਭੰਬਟ ਅੱਖਾਂ ਨਾਲ (ਦੀਵੇ ਦੀ ਲਾਟ ਦਾ ਰੂਪ) ਵੇਖ ਕੇ ਭੁੱਲ ਜਾਂਦਾ ਹੈ, ਮੂਰਖ ਅੱਗ ਨੂੰ ਨਹੀਂ ਵੇਖਦਾ। (ਤਿਵੇਂ ਹੀ) ਮੂਰਖ ਜੀਵ ਸੋਨੇ ਤੇ ਇਸਤ੍ਰੀ (ਦੇ ਮੋਹ) ਵਿਚ ਫਸ ਕੇ ਮੌਤ ਦੀ ਫਾਹੀ ਨੂੰ ਚੇਤੇ ਨਹੀਂ ਰੱਖਦਾ।2।

ਕਬੀਰ ਆਖਦਾ ਹੈ—(ਹੇ ਭਾਈ! ਤੂੰ ਵਿਕਾਰ ਛੱਡ ਦੇਹ ਅਤੇ ਪ੍ਰਭੂ ਨੂੰ ਚੇਤੇ ਕਰ, ਉਹੀ (ਇਸ ਸੰਸਾਰ-ਸਮੁੰਦਰ ਵਿਚੋਂ) ਤਾਰਨ ਲਈ ਜਹਾਜ਼ ਹੈ, ਅਤੇ ਉਹ (ਸਾਡੇ) ਜੀਵਨ ਦਾ ਆਸਰਾ-ਪ੍ਰਭੂ ਐਸਾ ਹੈ ਕਿ ਕੋਈ ਹੋਰ ਉਸ ਵਰਗਾ ਨਹੀਂ ਹੈ।3।5। 27।